**ਬਿਰਹਾ ਬਿਰਹਾ ਆਖੀਐ ਬਿਰਹਾ ਤੂ ਸੁਲਤਾਨੁ ॥ ਫਰੀਦਾ ਜਿਤੁ ਤਨਿ ਬਿਰਹੁ ਨ ਊਪਜੈ ਸੋ ਤਨੁ ਜਾਣੁ ਮਸਾਨੁ ॥੩੬॥** {ਪੰਨਾ 1379}

ਪਦ ਅਰਥ:- ਬਿਰਹਾ—ਵਿਛੋੜਾ। ਆਖੀਐ—ਆਖਿਆ ਜਾਂਦਾ ਹੈ। ਸੁਲਤਾਨੁ—ਰਾਜਾ। ਜਿਤੁ ਤਨਿ—ਜਿਸ ਤਨ ਵਿਚ। ਬਿਰਹੁ—ਵਿਛੋੜਾ, ਵਿਛੋੜੇ ਦੀ ਸੂਝ। ਮਸਾਨੁ—ਮੁਰਦੇ ਸਾੜਨ ਦੀ ਥਾਂ। ਜਿਤੁ—ਜਿਸ ਵਿਚ। ਤਨਿ—ਤਨ ਵਿਚ।

ਅਰਥ:- ਹਰ ਕੋਈ ਆਖਦਾ ਹੈ (ਹਾਇ!) ਵਿਛੋੜਾ (ਬੁਰਾ) (ਹਾਇ!) ਵਿਛੋੜਾ (ਬੁਰਾ)। ਪਰ ਹੇ ਵਿਛੋੜੇ! ਤੂੰ ਪਾਤਸ਼ਾਹ ਹੈਂ (ਭਾਵ, ਤੈਨੂੰ ਮੈਂ ਸਲਾਮ ਕਰਦਾ ਹਾਂ, ਕਿਉਂਕਿ), ਹੇ ਫਰੀਦ! ਜਿਸ ਸਰੀਰ ਵਿਚ ਵਿਛੋੜੇ ਦਾ ਸੱਲ ਨਹੀਂ ਪੈਦਾ ਹੁੰਦਾ (ਭਾਵ, ਜਿਸ ਮਨੁੱਖ ਨੂੰ ਕਦੇ ਇਹ ਚੋਭ ਨਹੀਂ ਵੱਜੀ ਕਿ ਮੈਂ ਪ੍ਰਭੂ ਤੋਂ ਵਿਛੁੜਿਆ ਹੋਇਆ ਹਾਂ) ਉਸ ਸਰੀਰ ਨੂੰ ਮਸਾਣ ਸਮਝੋ (ਭਾਵ, ਉਸ ਸਰੀਰ ਵਿਚ ਰਹਿਣ ਵਾਲੀ ਰੂਹ ਵਿਕਾਰਾਂ ਵਿਚ ਸੜ ਰਹੀ ਹੈ)। 36।

**ਕਬੀਰ ਬਿਰਹੁ ਭੁਯੰਗਮੁ ਮਨਿ ਬਸੈ ਮੰਤੁ ਨ ਮਾਨੈ ਕੋਇ ॥ ਰਾਮ ਬਿਓਗੀ ਨਾ ਜੀਐ ਜੀਐ ਤ ਬਉਰਾ ਹੋਇ ॥੭੬॥** {ਪੰਨਾ 1368}

ਨੋਟ:- ਅਸਾਡੇ ਦੇਸ ਵਿਚ ਕਈ ਲੋਕ ਸੱਪਾਂ ਦੇ ਮੰਤ੍ਰ ਜਾਣਦੇ ਹਨ; ਸੱਪਾਂ ਦੇ ਡੰਗੇ ਹੋਏ ਬੰਦਿਆਂ ਨੂੰ ਮੰਤ੍ਰ ਦੀ ਸਹੈਤਾ ਨਾਲ ਸੱਪ ਦੀ ਜ਼ਹਿਰ ਤੋਂ ਬਚਾਂਦੇ ਹਨ। ਪਰ ਕਈ ਸੱਪ ਐਸੇ ਭੀ ਹੁੰਦੇ ਹਨ, ਜਿਨ੍ਹਾਂ ਦਾ ਡੰਗਿਆ ਹੋਇਆ ਬੰਦਾ ਸ਼ਾਇਦ ਹੀ ਬਚਦਾ ਹੋਵੇ।

ਕਬੀਰ ਜੀ ਇਸ ਸ਼ਲੋਕ ਵਿਚ ਇਸ ਗੱਲ ਵਲ ਇਸ਼ਾਰਾ ਕਰ ਕੇ ਵੇਖਦੇ ਹਨ ਪਰਮਾਤਮਾ ਨਾਲੋਂ ਵਿਛੋੜੇ ਦਾ ਅਹਿਸਾਸ, ਮਾਨੋ, ਸੱਪ ਹੈ। ਜਿਸ ਮਨੁੱਖ ਨੂੰ ਇਹ ਡੰਗ ਵੱਜ ਜਾਏ (ਜਿਸ ਨੂੰ ਇਹ ਸੂਝ ਪੈ ਜਾਏ ਕਿ ਮੈਂ ਪਰਮਾਤਮਾ ਨਾਲੋਂ ਵਿੱਛੜਿਆ ਹੋਇਆ ਹਾਂ, ਮੈਨੂੰ ਮਾਇਕ ਭੋਗਾਂ ਨੇ ਰੱਬ ਨਾਲੋਂ ਵਿਛੋੜ ਦਿੱਤਾ ਹੈ), ਇਹ ਡੰਗ ਇਤਨਾ ਤੇਜ਼ ਹੁੰਦਾ ਹੈ ਕਿ ਦੁਨੀਆਵੀ ਪਦਾਰਥਾਂ ਦੇ ਮੋਹ ਦਾ ਕੋਈ ਮੰਤ੍ਰ ਇਥੇ ਅਸਰ ਨਹੀਂ ਪਾ ਸਕਦਾ। ਬਿਰਹੋਂ ਦਾ ਡੰਗਿਆ ਮਨੁੱਖ 'ਦੁਨੀਆ' ਵਲੋਂ ਮਰ ਜਾਂਦਾ ਹੈ ਉਸਦਾ ਜੀਵਨ ਹੋਰ ਕਿਸਮ ਦਾ ਹੋ ਜਾਂਦਾ ਹੈ, 'ਦੁਨੀਆ' ਉਸ ਨੂੰ 'ਬਉਰਾ' ਆਖਦੀ ਹੈ, ਦੁਨੀਆ ਦੇ ਭਾ ਦਾ ਉਹ 'ਕਮਲਾ' ਹੁੰਦਾ ਹੈ।

ਪਦ ਅਰਥ:- ਬਿਰਹੁ—ਵਿਛੋੜਾ, ਪਰਮਾਤਮਾ ਨਾਲੋਂ ਵਿਛੋੜੇ ਦਾ ਅਹਿਸਾਸ, ਇਹ ਚੋਭ ਕਿ ਮੈਂ ਪਰਮਾਤਮਾ ਨਾਲੋਂ ਵਿਛੁੜਿਆ ਪਿਆ ਹਾਂ। ਭੁਯੰਗਮੁ—ਸੱਪ। ਮਨਿ—ਮਨ ਵਿਚ। ਨ ਮਾਨੈ—ਨਹੀਂ ਮੰਨਦਾ, ਕੀਲਿਆ ਨਹੀਂ ਜਾ ਸਕਦਾ। ਰਾਮ ਬਿਓਗੀ—ਉਹ ਮਨੁੱਖ ਜਿਸ ਨੂੰ ਪਰਮਾਤਮਾ ਨਾਲੋਂ ਵਿਛੋੜੇ ਦਾ ਅਹਿਸਾਸ ਹੈ, ਜਿਸ ਨੂੰ ਇਹ ਚੋਭ ਹੈ ਕਿ ਮੈਂ ਮਾਇਕ ਭੋਗਾਂ ਦੇ ਕਾਰਨ ਰੱਬ ਨਾਲੋਂ ਟੁੱਟਾ ਪਿਆ ਹਾਂ, ਜਿਸ ਨੂੰ ਬਿਰਹੋਂ-ਸੱਪ ਦਾ ਡੰਗ ਵੱਜ ਚੁਕਾ ਹੈ। ਨਾ ਜੀਐ—(ਵਿਕਾਰਾਂ ਵਾਸਤੇ) ਨਹੀਂ ਜੀਉ ਸਕਦਾ, (ਆਪਾ-ਭਾਵ ਵਿਚ) ਨਹੀਂ ਜੀਉ ਸਕਦਾ ਹੈ। ਬਉਰਾ—ਕਮਲਾ।

ਅਰਥ:- ਹੇ ਕਬੀਰ! ('ਕਾਠ ਕੀ ਜਪਨੀ' ਤਾਂ ਕੁਝ ਸਵਾਰ ਨਹੀਂ ਸਕਦੀ, ਪਰ) ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਸਰਨ ਪੈ ਕੇ ਬਿਰਹੋਂ ਦਾ ਸੱਪ ਆ ਵੱਸੇ (ਜਿਸ ਮਨੁੱਖ ਨੂੰ ਗੁਰੂ-ਦਰ ਤੋਂ ਇਹ ਸੂਝ ਮਿਲ ਜਾਏ ਕਿ ਇਹਨਾਂ ਕਾਮਾਦਿਕਾਂ ਨੇ ਮੈਨੂੰ ਰੱਬ ਨਾਲੋਂ ਵਿਛੋੜ ਦਿੱਤਾ ਹੈ) (ਕਾਮਾਦਿਕਾਂ ਦਾ) ਕੋਈ ਮੰਤ੍ਰ ਉਸ ਉਤੇ ਨਹੀਂ ਚੱਲ ਸਕਦਾ। ਪਰਮਾਤਮਾ ਤੋਂ ਵਿਛੋੜੇ ਨੂੰ ਮਹਿਸੂਸ ਕਰਨ ਵਾਲਾ ਮਨੁੱਖ ਜੀਊ ਹੀ ਨਹੀਂ ਸਕਦਾ, (ਭਾਵ, ਪਰਮਾਤਮਾ ਤੋਂ ਵਿਛੋੜੇ ਦਾ ਅਹਿਸਾਸ ਇਕ ਐਸਾ ਡੰਗ ਹੈ ਕਿ ਇਸ ਦਾ ਡੰਗਿਆ ਹੋਇਆ ਬੰਦਾ ਮਾਇਕ ਭੋਗਾਂ ਵਾਸਤੇ ਜੀਊ ਹੀ ਨਹੀਂ ਸਕਦਾ) ਜੇਹੜਾ ਜੀਵਨ ਉਹ ਜੀਊਂਦਾ ਹੈ, ਦੁਨੀਆ ਦੇ ਭਾਣੇ ਉਹ ਝੱਲਿਆਂ ਵਾਲਾ ਜੀਵਨ ਹੈ। 71।

**ਸਲੋਕ ਮਃ ੨ ॥ ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਦੀਜੈ ਡਾਰਿ ॥ ਨਾਨਕ ਜਿਸੁ ਪਿੰਜਰ ਮਹਿ ਬਿਰਹਾ ਨਹੀ ਸੋ ਪਿੰਜਰੁ ਲੈ ਜਾਰਿ ॥੧॥** {ਪੰਨਾ 89}

ਪਦਅਰਥ:- ਡਾਰਿ ਦੀਜੈ—ਸੁੱਟ ਦੇਈਏ। ਬਿਰਥਾ—ਪਿਆਰ ਦੀ ਖਿੱਚ।

ਅਰਥ:- ਜੋ ਸਿਰ ਪ੍ਰਭੂ ਦੀ ਯਾਦ ਵਿਚ ਨਾਹ ਝੁਕੇ, ਉਹ ਤਿਆਗ ਦੇਣ-ਜੋਗ ਹੈ (ਭਾਵ, ਉਸ ਦਾ ਕੋਈ ਗੁਣ ਨਹੀਂ)। ਹੇ ਨਾਨਕ! ਜਿਸ ਸਰੀਰ ਵਿਚ ਪਿਆਰ ਨਹੀਂ ਉਹ ਸਰੀਰ ਸਾੜ ਦਿਓ (ਭਾਵ, ਉਹ ਭੀ ਵਿਅਰਥ ਹੈ)।1।